**ਸਾਰਗ ਮਹਲਾ ੫ ॥ ਪ੍ਰਭੁ ਮੇਰੋ ਇਤ ਉਤ ਸਦਾ ਸਹਾਈ ॥ ਮਨਮੋਹਨੁ ਮੇਰੇ ਜੀਅ ਕੋ ਪਿਆਰੋ ਕਵਨ ਕਹਾ ਗੁਨ ਗਾਈ ॥੧॥ ਰਹਾਉ ॥ ਖੇਲਿ ਖਿਲਾਇ ਲਾਡ ਲਾਡਾਵੈ ਸਦਾ ਸਦਾ ਅਨਦਾਈ ॥ ਪ੍ਰਤਿਪਾਲੈ ਬਾਰਿਕ ਕੀ ਨਿਆਈ ਜੈਸੇ ਮਾਤ ਪਿਤਾਈ ॥੧॥ ਤਿਸੁ ਬਿਨੁ ਨਿਮਖ ਨਹੀ ਰਹਿ ਸਕੀਐ ਬਿਸਰਿ ਨ ਕਬਹੂ ਜਾਈ ॥ ਕਹੁ ਨਾਨਕ ਮਿਲਿ ਸੰਤਸੰਗਤਿ ਤੇ ਮਗਨ ਭਏ ਲਿਵ ਲਾਈ ॥੨॥੨੫॥੪੮॥** **{ਪੰਨਾ 1213}**

ਪਦਅਰਥ:- ਇਤ—ਇਸ ਲੋਕ ਵਿਚ। ਉਤ—ਪਰਲੋਕ ਵਿਚ। ਸਹਾਈ—ਸਹਾਇਤਾ ਕਰਨ ਵਾਲਾ। ਜੀਅ ਕੋ—ਜਿੰਦ ਦਾ। ਗਾਈ—ਗਾਇ, ਗਾ ਕੇ। ਕਵਨ ਗੁਨ—ਕਿਹੜੇ ਕਿਹੜੇ ਗੁਣ? ਕਹਾ—ਕਹਾਂ, ਮੈਂ ਦੱਸਾਂ।1। ਰਹਾਉ।

ਖੇਲਿ—ਖੇਲ ਵਿਚ। ਖਿਲਾਇ—ਖਿਡਾ ਕੇ। ਅਨਦਾਈ—ਆਨੰਦ ਦੇਣ ਵਾਲਾ। ਨਿਆਈ—ਵਾਂਗ। ਪਿਤਾਈ—ਪਿਤਾ।1।

ਨਿਮਖ—ਅੱਖ ਝਮਕਣ ਜਿਤਨਾ ਸਮਾ। ਮਿਲਿ—ਮਿਲੇ, ਜੋ ਮਿਲੇ। ਤੇ—ਉਹ {ਬਹੁ-ਵਚਨ}। ਲਿਵ—ਲਗਨ। ਲਾਈ—ਲਾਇ, ਲਾ ਕੇ।2।

ਅਰਥ:- ਹੇ ਭਾਈ! ਮੇਰਾ ਪ੍ਰਭੂ! ਇਸ ਲੋਕ ਵਿਚ ਪਰਲੋਕ ਵਿਚ ਸਦਾ ਸਹਾਇਤਾ ਕਰਨ ਵਾਲਾ ਹੈ। ਮੇਰੇ ਮਨ ਨੂੰ ਮੋਹਣ ਵਾਲਾ ਉਹ ਮੇਰਾ ਪ੍ਰਭੂ ਮੇਰੀ ਜਿੰਦ ਦਾ ਪਿਆਰਾ ਹੈ। ਮੈਂ ਉਸ ਦੇ ਕਿਹੜੇ-ਕਿਹੜੇ ਗੁਣ ਗਾ ਕੇ ਦੱਸਾਂ?।1। ਰਹਾਉ।

ਹੇ ਭਾਈ! ਜਿਵੇਂ ਮਾਂ ਪਿਉ ਆਪਣੇ ਬੱਚੇ ਦੀ ਪਾਲਣਾ ਕਰਦੇ ਹਨ, ਤਿਵੇਂ ਉਹ ਸਾਡੀ ਪਾਲਣਾ ਕਰਦਾ ਹੈ, ਉਹ ਸਾਨੂੰ (ਜਗਤ-) ਤਮਾਸ਼ੇ ਵਿਚ ਖਿਡਾਂਦਾ ਹੈ, ਲਾਡ ਲਡਾਂਦਾ ਹੈ, ਉਹ ਸਦਾ ਹੀ ਸੁਖ ਦੇਣ ਵਾਲਾ ਹੈ।1।

ਹੇ ਭਾਈ! ਉਸ (ਪਰਮਾਤਮਾ ਦੀ ਯਾਦ) ਤੋਂ ਬਿਨਾ ਅੱਖ ਝਮਕਣ ਜਿਤਨੇ ਸਮੇ ਲਈ ਭੀ ਰਿਹਾ ਨਹੀਂ ਜਾ ਸਕਦਾ, ਉਸ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਹੇ ਨਾਨਕ! ਆਖ—ਜਿਹੜੇ ਮਨੁੱਖ ਸਾਧ ਸੰਗਤਿ ਵਿਚ ਮਿਲਦੇ ਹਨ, ਉਹ ਮਨੁੱਖ ਪਰਮਾਤਮਾ ਵਿਚ ਸੁਰਤਿ ਜੋੜ ਕੇ ਮਸਤ ਰਹਿੰਦੇ ਹਨ।2। 25। 48।